# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 16-07-2024**

- ਕੇਂਦਰੀ ਫੂਡ ਪ੍ਰੋਸੈਸਿੰਗ ਤੇ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸਨਅਤਕਾਰਾਂ ਨੂੰ ਫੂਡ ਪ੍ਰੋਸੈਸਿੰਗ ਦੇ ਖੇਤਰ ਵਿਚ ਪੂੰਜੀ ਨਿਵੇਸ਼ ਕਰਨ ਦੀ ਅਪੀਲ ਕੀਤੀ ।
- ਭਾਜਪਾ ਦੇ ਸੀਨੀਅਰ ਆਗੂ ਵਿਜੇ ਸਾਂਪਲਾ ਨੇ ਪੰਜਾਬ ਸਰਕਾਰ ਤੇ ਵੋਟਾਂ ਦੀ ਖ਼ਾਤਰ ਅਗਾਂਹ ਵਧੂ ਨੀਤੀਆਂ ਅਤੇ ਕੇਂਦਰ ਸਰਕਾਰ ਦੇ ਨਵੇਂ ਪ੍ਰੋਜੈਕਟਾਂ ਵਿੱਚ ਸਭ ਤੋਂ ਵੱਧ ਅੜਿਕੇ ਡਾਹਣ ਦਾ ਦੋਸ਼ ਲਗਾਇਆ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਸਰਕਾਰੀ ਸਕੂਲਾਂ ਦੇ 10ਵੀਂ ਅਤੇ 8ਵੀਂ ਜਮਾਤ ਦੇ 300 ਵਿਦਿਆਰਥੀਆਂ ਨੂੰ ਨਕਦ ਇਨਾਮ ਤੇ ਮਾਨਤਾ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।

- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ।

---------------------------------------------------

ਪੀ ਐਚ ਡੀ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਵਲੋਂ ਲੁਧਿਆਣਾ ਵਿਖੇ ਕਲ ਖੇਤਰੀ ਫੂਡ ਪ੍ਰੋਸੈਸਿੰਗ ਮਿਲਣੀ ਕਰਵਾਈ ਗਈ। ਕੇਂਦਰੀ ਫੂਡ ਪ੍ਰੋਸੈਸਿੰਗ ਤੇ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਬਤੌਰ ਮੁਖ ਮਹਿਮਾਨ ਆਪਣੇ ਸੰਬੋਧਨ ਵਿੱਚ ਕਿਹਾ ਕਿ ਦੁਨੀਆਂ ਵਿੱਚ ਪ੍ਰੋਸੈਸਡ ਫੂਡ ਦੀ ਮੰਗ ਲਗਾਤਾਰ ਵੱਧ ਰਹੀ ਏ, ਇਸ ਲਈ ਭਾਰਤ ਸਰਕਾਰ ਇਸ ਖੇਤਰ ਵਲ ਵਿਸ਼ੇਸ਼ ਤਵੱਜੋ ਦੇ ਕੇ ਕਈ ਰਿਆਇਤਾਂ ਦੇ ਰਹੀ ਏ। ਉਨਾਂ ਕਿਹਾ ਕਿ ਸਨਅਤਕਾਰਾਂ ਨੂੰ ਚਾਹੀਦਾ ਏ ਕਿ ਉਹ ਫੂਡ ਪ੍ਰੋਸੈਸਿੰਗ ਦੇ ਖੇਤਰ ਵਿਚ ਪੂੰਜੀ ਨਿਵੇਸ਼ ਕਰਨ ਅਤੇ ਕੇਂਦਰ ਸਰਕਾਰ ਉਨ੍ਹਾਂ ਨੂੰ ਹਰ ਸੰਭਵ ਮਦਦ ਕਰੇਗੀ। ਰਵਨੀਤ ਸਿੰਘ ਬਿੱਟੂ ਨੇ ਕਿਹਾ ਕਿ ਫੂਡ ਪ੍ਰੋਸੈਸਿੰਗ ਸਨਅਤਾਂ ਦੀ ਸਥਾਪਨਾ ਨਾਲ ਉੱਦਮੀਆਂ ਨੂੰ ਫਾਇਦਾ ਹੋਵੇਗਾ ਤੇ ਕਿਸਾਨਾਂ ਦੀਆਂ ਵੀ ਕਈ ਸਮੱਸਿਆਵਾਂ ਹੱਲ ਹੋਣਗੀਆਂ। ਉਨਾਂ

ਖਾਸਤੌਰ ਤੇ ਨੌਜਵਾਨਾਂ ਨੂੰ ਫੂਡ ਪ੍ਰੋਸੈਸਿੰਗ ਦੇ ਖੇਤਰ ਵਿੱਚ ਆਪਣਾ ਕੈਰੀਅਰ ਬਣਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਇਸ ਖੇਤਰ ਵਿੱਚ ਰੁਜ਼ਗਾਰ ਤੇ ਸਵੈ-ਰੁਜ਼ਗਾਰ ਦੀਆਂ ਅਪਾਰ ਸੰਭਾਵਨਾਵਾਂ ਨੇ । ਰਵਨੀਤ ਸਿੰਘ ਬਿੱਟੂ ਨੇ ਸੂਬੇ ਦੇ ਉੱਦਮੀਆਂ ਨੂੰ ਵਰਲਡ ਫੂਡ ਇੰਡੀਆ- 2024 ਵਿਚ ਹਿੱਸਾ ਲੈਣ ਦੀ ਅਪੀਲ ਕੀਤੀ ਤੇ ਕਿਹਾ ਕਿ ਸੂਬੇ ਵਿੱਚ ਫੂਡ ਪ੍ਰੋਸੈਸਿੰਗ ਮੰਤਰਾਲੇ ਦੀਆਂ ਸਕੀਮਾਂ ਨੂੰ ਪਹਿਲ ਦੇ ਆਧਾਰ 'ਤੇ ਲਾਗੂ ਕੀਤਾ ਜਾਵੇਗਾ । ਇਸ ਤੋਂ ਪਹਿਲਾਂ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਸਨਅਤਕਾਰਾਂ ਦਾ ਸਵਾਗਤ ਕਰਦਿਆਂ ਪੀ ਐਚ ਡੀ ਸੀ ਸੀ ਆਈ ਪੰਜਾਬ ਚੈਪਟਰ ਦੇ ਚੇਅਰਮੈਨ ਆਰ ਐੱਸ ਸਚਦੇਵਾ ਨੇ ਜਲੰਧਰ ਤੇ ਅੰਮ੍ਰਿਤਸਰ ਹਵਾਈ ਅੱਡਿਆਂ ਨੇੜੇ ਫੂਡ ਟੈਸਟਿੰਗ ਲੈਬ ਖੋਲ੍ਹਣ ਦੀ ਮੰਗ ਕਰਦਿਆਂ ਕਿਹਾ ਕਿ ਇਸ ਨਾਲ ਬਰਾਮਦ ਨੂੰ ਹੁਲਾਰਾ ਮਿਲੇਗਾ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਏ ਕਿ ਕੁਦਰਤੀ ਜੀਵਨ ਜਿਊਣ ਲਈ ਮਨੁੱਖ ਨੂੰ ਸੰਤੁਲਿਤ ਚੁਗਿਰਦੇ ਦੀ ਬੇਹੱਦ ਜ਼ਰੂਰਤ ਏ ਅਤੇ ਚੁਗਿਰਦੇ ਨੂੰ ਸੰਤੁਲਿਤ ਰੱਖਣ ਲਈ ਮਨੁੱਖ ਨੂੰ

ਹੁਣ ਵਿਸ਼ੇਸ਼ ਹੰਭਲੇ ਮਾਰਨੇ ਹੀ ਪੈਣਗੇ। ਚੰਡੀਗੜ੍ਹ ਵਿਖੇ ਪੰਜਾਬ ਵਿਧਾਨ ਸਭਾ ਕੰਪਲੈਕਸ ਬੂਟਾ ਲਾ ਕੇ ਬੂਟੇ ਲਾਉਣ ਤੇ ਚੁਗਿਰਦੇ ਨੂੰ ਬਚਾਉਣ ਸਬੰਧੀ ਵਿਸ਼ੇਸ਼ ਮੁਹਿੰਮ ਦੀ ਸ਼ੁਰੂਆਤ ਕਰਦਿਆਂ ਉਨਾਂ ਕਿਹਾ ਕਿ ਮੁਹਿੰਮ ਦੌਰਾਨ ਵਿਧਾਨਸਭਾ ਦੇ ਅਧਿਕਾਰਤ ਖੇਤਰ ਵਿਚ 2000 ਬੂਟੇ ਲਾਏ ਜਾਣਗੇ। ਉਨ੍ਹਾਂ ਹਰ ਮਨੁੱਖ ਨੂੰ ਘੱਟੋ-ਘੱਟ ਇੱਕ ਬੂਟਾ ਲਾਉਣ ਦੀ ਸਲਾਹ ਦਿੰਦਿਆਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਸੂਬੇ ਦੇ ਲੋਕਾਂ ਨੂੰ ਵੱਧ ਤੋ ਵੱਧ ਬੂਟੇ ਲਾਉਣ ਲਈ ਪ੍ਰੇਰਿਤ ਕਰਨਾ ਏ। ਸਪੀਕਰ ਸੰਧਵਾਂ ਨੇ ਕਿਹਾ ਕਿ ਰੁੱਖਾਂ ਦੀ ਕਟਾਈ ਨਾਲ ਵਣਾਂ ਹੇਠ ਰਕਬਾ ਲਗਾਤਾਰ ਘਟ ਰਿਹਾ ਏ, ਜਿਸ ਕਾਰਨ ਚੁਗਿਰਦੇ ਲਗਾਤਾਰ ਪ੍ਰਦੂਸ਼ਿਤ ਹੋ ਰਿਹਾ ਏ, ਇਸ ਲਈ ਧਰਤੀ ਮਾਂ ਨੂੰ ਸਿਹਤਮੰਦ, ਪ੍ਰਦੂਸ਼ਣ ਰਹਿਤ ਅਤੇ ਹਰਾ-ਭਰਾ ਰੱਖਣ ਲਈ ਵੱਧ ਤੋਂ ਵੱਧ ਬੂਟੇ ਲਾਉਣਾ ਤੇ ਉਨ੍ਹਾਂ ਦੀ ਸਾਂਭ-ਸੰਭਾਲ ਕਰਨੀ ਬਹੁਤ ਜ਼ਰੂਰੀ ਏ। ਉਨ੍ਹਾਂ ਸੂਬੇ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵਡੇਰੇ ਲੋਕ ਹਿੱਤ ਵਿੱਚ ਵੱਧ ਤੋਂ ਵੱਧ ਬੂਟੇ ਲਾ ਕੇ ਚੁਗਿਰਦੇ ਨੂੰ ਸੰਤੁਲਿਤ ਕਰਨ ‘ਚ ਆਪਣਾ ਯੋਗਦਾਨ ਪਾਉਣ।

---------------------------------------------------------------

ਕੇਂਦਰ ਸਰਕਾਰ ਵਲੋਂ ਲੰਮੀ ਚਰਚਾ ਮਗਰੋਂ ਤਿਆਰ ਕੀਤੇ ਗਏ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023 ਲਾਗੂ ਹੋ ਗਏ ਨੇ। ਮੋਹਾਲੀ ਤੋਂ ਐਡਵੋਕੇਟ ਅਮਿਤ ਮੰਡਕਨ, ਇੰਨਾ ਤਿੰਨ ਨਵੇਂ ਕਾਂਨੂੰਨਾ ਨੂੰ ਲੋਕ ਹਿੱਤ ਵਿਚ ਦੱਸਦੇ ਨੇ।

---------------------------------------------------------------

ਭਾਜਪਾ ਦੇ ਸੀਨੀਅਰ ਆਗੂ ਅਤੇ ਸਾਬਕਾ ਕੇਂਦਰੀ ਮੰਤਰੀ ਵਿਜੇ ਸਾਂਪਲਾ ਨੇ ਕਿਹਾ ਏ ਕਿ ਪੰਜਾਬ ਸਰਕਾਰ ਦੇ ਦੋ ਸਾਲ ਅਤੇ ਚਾਰ ਮਹੀਨਿਆਂ ਦੇ ਕਾਰਜਕਾਲ ਦੌਰਾਨ ਸੂਬੇ ਦੇ ਵਿਕਾਸ ਦੀ ਕੀਮਤ 'ਤੇ ਵੋਟਾਂ ਦੀ ਖ਼ਾਤਰ ਅਗਾਂਹ ਵਧੂ ਨੀਤੀਆਂ ਅਤੇ ਕੇਂਦਰ ਸਰਕਾਰ ਦੇ ਨਵੇਂ ਪ੍ਰੋਜੈਕਟਾਂ ਵਿੱਚ ਸਭ ਤੋਂ ਵੱਧ ਅੜਿਕੇ ਡਾਏ ਜਾ ਰਹੇ ਨੇ ਅਤੇ ਸਰਕਾਰ ਆਪਣੀ ਸਿਆਸੀ ਨੀਤੀ ਤਹਿਤ ਕੰਮ ਕਰ ਰਹੀ ਏ ਜਿਹੜੀ ਸੂਬੇ ਦੇ ਹਿਤ ਵਿੱਚ ਉੱਕਾ ਵੀ ਨਹੀਂ ਏ। ਤੱਥਾਂ ਸਹਿਤ ਇਸ ਮਸਲੇ ਨੂੰ ਉਜਾਗਰ ਕਰਦਿਆਂ ਉਨਾਂ ਕਿਹਾ ਕਿ  ਸਰਕਾਰ ਦੇ ਢਿੱਲੇ ਰਵੱਈਏ ਕਾਰਨ ਸੂਬੇ ਵਿੱਚ ਨੈਸ਼ਨਲ

ਹਾਈਵੇਅ ਅਥਾਰਟੀ ਆਫ਼ ਇੰਡੀਆ ਵਲੋਂ ਲਾਗੂ ਕੀਤੇ ਜਾ ਰਹੇ ਕਈ ਮਹੱਤਵਪੂਰਨ ਕੌਮੀ ਸ਼ਾਹਮਾਰਗ ਪ੍ਰੋਜੈਕਟਾਂ ਨੂੰ ਖਤਮ ਕਰ ਦਿੱਤਾ ਗਿਆ ਏ। ਵਿਜੇ ਸਾਂਪਲਾ ਨੇ ਨਿਰਾਸ਼ਾ ਜ਼ਾਹਰ ਕਰਦਿਆਂ ਕਿਹਾ ਕਿ ਸੂਬੇ ਦੀ ਵਿਗੜਦੀ ਕਾਨੂੰਨ ਵਿਵਸਥਾ ਅਤੇ ਨਸ਼ਿਆਂ ਦੇ ਬੇਕਾਬੂ ਖ਼ਤਰੇ ਕਾਰਨ ਸੂਬਾ ਪਹਿਲਾਂ ਹੀ ਨਵੇਂ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਸੰਘਰਸ਼ ਕਰ ਰਿਹਾ ਏ। ਉਨਾਂ ਕਿਹਾ ਕਿ ਕਿਸਾਨ ਜਥੇਬੰਦੀਆਂ ਦੇ ਸਿਆਸੀ ਤੌਰ 'ਤੇ ਪ੍ਰੇਰਿਤ ਧਰਨਿਆਂ ਨੂੰ ਸੂਬਾ ਸਰਕਾਰ ਦੀ ਲੁਕਵੀਂ ਹਮਾਇਤ ਕਾਰਨ ਕੇਂਦਰ ਸਰਕਾਰ ਵੱਲੋਂ ਪ੍ਰਵਾਨ ਕੀਤੇ ਵੱਡੇ ਕੌਮੀ ਮਾਰਗ ਬੁਨਿਆਦੀ ਢਾਂਚੇ ਦੇ ਪ੍ਰਾਜੈਕਟ ਹੁਣ ਬੰਦ ਹੋ ਗਏ ਨੇ ਅਤੇ ਇਸ ਦੀ ਕੀਮਤ ਪੰਜਾਬ ਦੇ ਲੋਕਾਂ ਨੂੰ ਭੁਗਤਣੀ ਪਵੇਗੀ।

---------------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਟਵੀਟ ਕਰਕੇ ਕਿਹਾ ਕਿ ਇੱਕ ਸ਼ਰਧਾਵਾਨ ਤੇ ਨਿਮਾਣੇ ਸਿੱਖ ਵੱਜੋਂ ਉਨਾਂ ਦਾ ਰੋਮ ਰੋਮ ਅਤੇ ਸੁਆਸ ਸੁਆਸ ਚਵਰ, ਛਤਰ, ਤਖ਼ਤ ਦੇ ਮਾਲਿਕ ਜੁਗੋ ਜੁਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਅਤੇ ਮੀਰੀ ਪੀਰੀ ਦੇ

ਸਰਵਉੱਚ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰਤੀ ਸਮਰਪਿਤ ਏ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਅਨੁਸਾਰ, ਉਹ ਅਥਾਹ ਸ਼ਰਧਾ ਤੇ ਨਿਮਰਤਾ ਸਹਿਤ ਸਰਵਉੱਚ ਅਸਥਾਨ 'ਤੇ ਪੇਸ਼ ਹੋਣਗੇ। ਜਿਕਰਯੋਗ ਏ ਕਿ ਪੰਜ ਸਿੰਘ ਸਹਿਬਾਨ ਨੇ ਸੁਖਬੀਰ ਸਿੰਘ ਬਾਦਲ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਤਲਬ ਕੀਤਾ ਏ ਅਤੇ ਬਾਗੀ ਆਗੂਆਂ ਵਲੋਂ ਲਾਏ ਦੋਸ਼ਾਂ ਸੰਬੰਧੀ 15 ਦਿਨਾਂ ਦੇ ਅੰਦਰ ਸਪੱਸ਼ਟੀਕਰਨ ਦੇਣ ਦਾ ਹੁਕਮ ਦਿੱਤਾ ਏ।

-----------------------------------------------------

ਪੰਜਾਬ ਅਤੇ ਯੂ.ਟੀ. ਚੰਡੀਗੜ੍ਹ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਅਤੇ ਸਸ਼ਕਤ ਬਣਾਉਣ ਲਈ ਪਹਿਲਕਦਮੀ ਕਰਦਿਆਂ ਪੰਜਾਬ ਦੇ ਰਾਜਪਾਲ ਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ ਬਨਵਾਰੀ ਲਾਲ ਪੁਰੋਹਿਤ ਨੇ ਪੰਜਾਬ ਰਾਜ ਭਵਨ ਵਿਖੇ 10ਵੀਂ ਅਤੇ 8ਵੀਂ ਜਮਾਤ ਦੇ 300 ਵਿਦਿਆਰਥੀਆਂ ਨੂੰ ਨਕਦ ਇਨਾਮ ਤੇ ਮਾਨਤਾ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਹੋਣਹਾਰ ਵਿਦਿਆਰਥੀਆਂ ਨੂੰ 20 ਲੱਖ 70 ਹਜ਼ਾਰ ਰੁਪਏ ਦੇ ਨਕਦ ਵਜ਼ੀਫੇ ਅਤੇ ਪ੍ਰਸ਼ੰਸ਼ਾਂ

ਸਰਟੀਫ਼ਿਕੇਟ ਨਾਲ ਸਨਮਾਨਿਤ ਕਰਨ ਦੀ ਇਹ ਪਹਿਲਕਦਮੀ ‘ਦ ਸੋਸਾਇਟੀ ਫਾਰ ਇੰਪਾਵਰਮੈਂਟ ਆਫ਼ ਡਿਸਐਡਵਾਂਟੇਜਡ ਟੇਲੈਂਟਡ ਯੂਥ’ਵੱਲੋਂ ਕੀਤੀ ਗਈ ਏ । ਰਾਜਪਾਲ ਪੁਰੋਹਿਤ ਨੇ ਕਿਹਾ ਕਿ ਸਨਮਾਨਿਤ ਕੀਤੇ ਗਏ 300 ਵਿਦਿਆਰਥੀਆਂ 'ਚੋਂ 247 ਕੁੜੀਆਂ ਨੇ ਜਿਹੜਾ ਇਹ ਦਰਸਾਉਂਦਾ ਏ ਕਿ ਕੁੜੀਆਂ ਹਰ ਖੇਤਰ 'ਚ ਮੱਲਾਂ ਮਾਰ ਰਹੀਆਂ ਨੇ ਅਤੇ ਇਹ ਭਾਰਤ ਨੂੰ ਵਿਸ਼ਵ ਗੁਰੂ ਬਣਾਉਣ ਦੀ ਦਿਸ਼ਾ ਵੱਲ ਇਕ ਅਹਿਮ ਕਦਮ ਏ । ਉਨਾਂ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਾਪਤ ਕਰਨ ਅਤੇ ਆਧੁਨਿਕ ਹੁਨਰ ਵਿਕਸਤ ਕਰਨ ਲਈ ਕਿਹਾ ਤਾਂ ਜੋ ਉਹ ਵਿਸ਼ਵ ਪੱਧਰ 'ਤੇ ਆਪਣੇ ਟੀਚਿਆਂ ਨੂੰ ਆਸਾਨੀ ਨਾਲ ਪ੍ਰਾਪਤ ਕਰ ਸਕਣ । ਉਨ੍ਹਾਂ ਬਿਹਤਰ ਰੋਜ਼ੀ-ਰੋਟੀ ਲਈ ਵਿਦਿਆਰਥੀਆਂ ਖਾਸ ਕਰਕੇ ਦੂਰ-ਦੁਰਾਡੇ ਅਤੇ ਪਛੜੇ ਖੇਤਰਾਂ ਤੋਂ ਆਉਣ ਵਾਲੇ ਵਿਦਆਰਥੀਆਂ ਨੂੰ ਸਸ਼ਕਤ ਬਣਾਉਣ ਦੀ ਜਰੂਰਤ 'ਤੇ ਜ਼ੋਰ ਦਿੱਤਾ ।

---------------------------------------------------------------

NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ

ਸੰਤੁਸ਼ਟ ਨੇ। ਮੋਹਾਲੀ ਸਥਿਤ Dr. ਬੀ. ਆਰ. ਅੰਬੇਡਕਰ ਸਟੇਟ ਇੰਸਟੀਟਿਊਟ ਆਫ਼ ਮੈਡੀਕਲ ਸਾਇੰਸਿਜ਼ ਦੇ ਪ੍ਰਿੰਸੀਪਲ ਡਾਇਰੈਕਟਰ ਡਾ. ਭਵਨੀਤ ਭਾਰਤੀ ਨੇ, ਪ੍ਰੀਖਿਆਵਾਂ ਵਿਚ ਪਾਰਦਰਸ਼ਤਾ ਬਣਾਈ ਰਹਿਣ ਹਿੱਤ ਕੇਂਦਰ ਵਲੋਂ ਲਏ ਫੈਸਲੇ ਦੀ ਸ਼ਲਾਘਾ ਕੀਤੀ।

---------------------------------------------------

ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਮੀਰੀ ਪੀਰੀ ਦਿਵਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਸਰਵਨ ਕਰਵਾਇਆ ਅਤੇ ਮੀਰੀ ਪੀਰੀ ਦੇ ਮਹਾਨ ਸਿਧਾਂਤ ਬਾਰੇ ਦੱਸਦਿਆਂ ਕਿਹਾ ਕਿ ਸ਼ਸਤਰ ਕਦੇ ਸਿੱਖ ਤੋਂ ਅਲੱਗ ਨਹੀਂ ਹੋ ਸਕਦਾ ਤੇ ਸ਼ਸਤਰ ਸਿੱਖ ਦਾ ਅਣਿਖੜਵਾਂ ਅੰਗ ਏ। ਉਨਾਂ ਸਮੁੱਚੇ ਸਿੱਖ ਜਗਤ ਨੂੰ ਮੀਰੀ ਪੀਰੀ ਦਿਵਸ ਦੀ ਵਧਾਈ ਵੀ ਦਿੱਤੀ। ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਭਗਵੰਤ ਸਿੰਘ ਨੇ ਕਿਹਾ ਕਿ ਮੀਰੀ ਪੀਰੀ

ਦਾ ਸਿਧਾਂਤ ਧਰਮ ਦਾ ਪਾਲਣ ਕਰਦਿਆਂ ਜ਼ਬਰ ਅਤੇ ਜ਼ੁਲਮ ਵਿਰੁੱਧ ਇਕ ਸੰਘਰਸ਼ ਏ । ਉਨ੍ਹਾਂ ਆਖਿਆ ਕਿ ਪੰਚਮ ਪਾਤਸ਼ਾਹ ਜੀ ਦੀ ਸ਼ਹਾਦਤ ਤੋਂ ਬਾਅਦ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਭਗਤੀ ਤੇ ਸ਼ਕਤੀ ਦੀਆਂ ਦੋ ਕਿਰਪਾਨਾਂ ਧਾਰਨ ਕਰਕੇ ਸਮਕਾਲੀ ਜ਼ਾਲਮ ਹਕੂਮਤ ਨੂੰ ਇਹ ਸੁਨੇਹਾ ਦਿੱਤਾ ਕਿ ਹੁਣ ਉਸ ਵੱਲੋਂ ਕੀਤੇ ਜਾਂਦੇ ਜ਼ਬਰ ਤੇ ਜ਼ੁਲਮ ਬਹੁਤੀ ਦੇਰ ਨਹੀਂ ਚੱਲਣੇ । ਇਸ ਤੋਂ ਪਹਿਲਾਂ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਕੀਤਾ ।

-------------------------------------------------------------

ਪੰਜਾਬ ਵਿਚ ਕਮਜ਼ੋਰ ਮਾਨਸੂਨ ਅਤੇ ਬਾਰਿਸ਼ ਦੀ ਕਮੀ ਕਾਰਨ ਤਾਪਮਾਨ ਵਿਚ ਲਗਾਤਾਰ ਵਾਧਾ ਹੋ ਰਿਹਾ ਏ । ਪਿਛਲੇ 24 ਘੰਟਿਆਂ ਦੌਰਾਨ ਤਾਪਮਾਨ ਵਿੱਚ 0 ਇਸ਼ਾਰਿਆ 4 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ ਏ । ਜਿਸ ਤੋਂ ਬਾਅਦ ਪੰਜਾਬ ਦਾ ਔਸਤ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 3 ਇਸ਼ਾਰਿਆ 5 ਡਿਗਰੀ ਵੱਧ ਰਹਿਣ ਦਾ ਅਨੁਮਾਨ ਲਗਾਇਆ ਗਿਆ ਏ । ਅੱਜ ਮਲੇਰਕੋਟਲਾ ਤੇ ਮੋਹਾਲੀ

ਜ਼ਿਲਿਆਂ ਦੇ ਕੁਝ ਇਲਾਕਿਆਂ ਵਿਚ ਮੀਂਹ ਪਿਆ ਜਦਕਿ ਕਈ ਜ਼ਿਲਿਆਂ ਵਿਚ ਬੱਦਲਵਾਈ ਬਣੀ ਰਹੀ ਪਰ ਨਾਲ ਹੀ ਜਬਰਦਸਤ ਹੁੰਮਸ ਭਰੀ ਗਰਮੀ ਨੇ ਲੋਕਾਂ ਨੂੰ ਡਾਢਾ ਪਰੇਸ਼ਾਨ ਕੀਤਾ ਹੋਇਆ ਏ। ਮੌਸਮ ਵਿਭਾਗ ਨੇ ਕਲ ਤੋਂ ਕਈ ਜ਼ਿਲਿਆਂ ਵਿਚ ਮੀਂਹ ਅਤੇ ਤੇਜ਼ ਹਵਾਵਾਂ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਏ।

---

## <u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>

- ਕੇਂਦਰੀ ਫੂਡ ਪ੍ਰੋਸੈਸਿੰਗ ਤੇ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਸਨਅਤਕਾਰਾਂ ਨੂੰ ਫੂਡ ਪ੍ਰੋਸੈਸਿੰਗ ਦੇ ਖੇਤਰ ਵਿਚ ਪੂੰਜੀ ਨਿਵੇਸ਼ ਕਰਨ ਦੀ ਅਪੀਲ ਕੀਤੀ ।
- ਭਾਜਪਾ ਦੇ ਸੀਨੀਅਰ ਆਗੂ ਵਿਜੇ ਸਾਂਪਲਾ ਨੇ ਪੰਜਾਬ ਸਰਕਾਰ ਤੇ ਵੋਟਾਂ ਦੀ ਖ਼ਾਤਰ ਅਗਾਂਹ ਵਧੂ ਨੀਤੀਆਂ ਅਤੇ ਕੇਂਦਰ ਸਰਕਾਰ ਦੇ ਨਵੇਂ ਪ੍ਰੋਜੈਕਟਾਂ ਵਿੱਚ ਸਭ ਤੋਂ ਵੱਧ ਅੜਿਕੇ ਡਾਹਣ ਦਾ ਦੋਸ਼ ਲਗਾਇਆ।

- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਸਰਕਾਰੀ ਸਕੂਲਾਂ ਦੇ 10ਵੀਂ ਅਤੇ 8ਵੀਂ ਜਮਾਤ ਦੇ 300 ਵਿਦਿਆਰਥੀਆਂ ਨੂੰ ਨਕਦ ਇਨਾਮ ਤੇ ਮਾਨਤਾ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ।
- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਮੀਰੀ ਪੀਰੀ ਦਿਵਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ।